# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 14-07-2024**

ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਦੇ ਸਕੱਤਰ ਅਪੂਰਵ ਚੰਦਰ ਨੇ ਕਿਹਾ ਏ ਕਿ ਅਮਰਨਾਥ ਯਾਤਰਾ ਦੇ ਰੂਟਾਂ 'ਤੇ ਹਰ ਤਰ੍ਹਾਂ ਦੀਆਂ ਸਿਹਤ ਸਹੂਲਤਾਂ ਦੇ ਨਾਲ-ਨਾਲ ਆਕਸੀਜਨ ਸਿਲੰਡਰ ਵੀ ਲੋੜੀਂਦੀ ਗਿਣਤੀ ਵਿਚ ਉਪਲਬਧ ਨੇ। ਅਮਰਨਾਥ ਯਾਤਰਾ ਲਈ ਸਥਾਪਿਤ ਸਿਹਤ ਸਹੂਲਤਾਂ ਦਾ ਜਾਇਜ਼ਾ ਲੈਣ ਤੋਂ ਬਾਅਦ ਵਾਪਸ ਨਵੀਂ ਦਿੱਲੀ ਪਰਤੇ ਅਪੂਰਵ ਚੰਦਰ ਨੇ ਮੀਡੀਆ ਨੂੰ ਦੱਸਿਆ ਕਿ ਅਮਰਨਾਥ ਯਾਤਰਾ 'ਚ ਸ਼ਰਧਾਲੂਆਂ ਦੀ ਸਹੂਲਤ ਲਈ ਕੀਤੇ ਗਏ ਸਾਰੇ ਪ੍ਰਬੰਧ ਬਿਹਤਰ ਨੇ । ਜੰਮੂ-ਕਸ਼ਮੀਰ ਪ੍ਰਸ਼ਾਸਨ ਨੇ ਸਿਹਤ ਮੰਤਰਾਲੇ ਦੇ ਸਹਿਯੋਗ ਨਾਲ ਯਾਤਰਾ ਦੇ ਰੂਟਾਂ 'ਤੇ ਹਰ ਤਰ੍ਹਾਂ ਦੀਆਂ ਸਿਹਤ ਸਹੂਲਤਾਂ ਦੇ ਪ੍ਰਬੰਧ ਯਕੀਨੀ ਬਣਾਏ ਨੇ ।

---------------------------------------------------

ਪੰਜਾਬ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਨੇ ਸੂਬੇ ਦੀਆਂ ਸਹਿਕਾਰੀ ਸਭਾਵਾਂ ਨੂੰ ਘਟੀਆ ਮਿਆਰ ਦੀ ਡੀ.ਏ.ਪੀ. ਖਾਦ ਸਪਲਾਈ ਕਰਨ ਵਾਲੀਆਂ ਦੋ ਖਾਦ ਕੰਪਨੀਆਂ ਦੇ ਲਾਇਸੈਂਸ ਰੱਦ ਕਰ ਦਿੱਤੇ ਨੇ। ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਇਨ੍ਹਾਂ ਕੰਪਨੀਆਂ ਵੱਲੋਂ ਮਾਰਕਫੈੱਡ ਨੂੰ ਸਪਲਾਈ ਡੀ.ਏ.ਪੀ. ਸਟਾਕ ਵਿੱਚੋਂ 40 ਨਮੂਨੇ ਲਏ ਗਏ ਨੇ ਅਤੇ ਇਨ੍ਹਾਂ ਵਿੱਚੋਂ 24 ਨਮੂਨੇ ਗ਼ੈਰ-ਮਿਆਰੀ ਪਾਏ ਗਏ ਨੇ ਤੇ ਦੋ ਨਮੂਨਿਆਂ ਦੀ ਰਿਪੋਰਟ ਅਜੇ ਆਉਣੀ ਏ। ਉਨ੍ਹਾਂ ਕਿਹਾ ਕਿ ਇਸ ਸਬੰਧੀ ਢੁਕਵੀਂ ਅਗਲੇਰੀ ਕਾਰਵਾਈ ਲਈ ਭਾਰਤ ਸਰਕਾਰ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰਾਲੇ ਨੂੰ ਵੀ ਸੂਚਿਤ ਕਰ ਦਿੱਤਾ ਗਿਆ ਏ। ਉਨਾਂ ਦੱਸਿਆ ਕਿ ਵਿਭਾਗ ਨੇ ਸੂਬੇ ਵਿੱਚ ਕੁਆਲਿਟੀ ਕੰਟਰੋਲ ਮੁਹਿੰਮ ਚਲਾਈ ਏ ਅਤੇ ਮਾਲੀ J ਵਰੇ 2024-25 ਦੌਰਾਨ 4 ਹਜ਼ਾਰ 700 ਖਾਦ ਨਮੂਨਿਆਂ ਦੀ ਜਾਂਚ ਦਾ ਟੀਚਾ ਮਿੱਥਿਆ ਗਿਆ ਏ।

---------------------------------------------------------

NEET UG ਪੇਪਰ ਲੀਕ ਮਾਮਲੇ ਦੀ ਕੇਂਦਰੀ ਜਾਂਚ ਬਿਊਰੋ ਵਲੋਂ ਜਾਂਚ

ਅਤੇ ਸਰਵਉੱਚ ਅਦਾਲਤ ਵਲੋਂ ਸੁਣਵਾਈ ਕੀਤੇ ਜਾਣ 'ਤੇ ਲੋਕ ਕਾਫੀ ਸੰਤੁਸ਼ਟ ਨੇ। J ਬਰਨਾਲਾ ਦੇ ਨਿਵਾਸੀ ਜਾਗੀਰ ਸਿੰਘ ਨੇ ਇਸ ਮਾਮਲੇ ਵਿਚ ਹੁਣ ਤਕ ਹੋਈ ਕਾਰਵਾਈ 'ਤੇ ਤੱਸਲੀ ਜ਼ਾਹਿਰ ਕੀਤੀ।

-----------------------------------------------------------

ਪੰਜਾਬ ਸਰਕਾਰ ਨੇ ਸੂਬੇ ਦੇ ਅਜ਼ਾਦੀ ਘੁਲਾਟੀਆਂ ਤੇ ਸ਼ਹੀਦ ਫੌਜ਼ੀਆਂ ਨੂੰ ਸਨਮਾਨ ਦੇਣ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਇਨਾਂ ਸਖ਼ਸ਼ੀਅਤਾਂ ਤੋਂ ਜਾਣੂ ਕਰਵਾਉਣ ਦੇ ਮਕਸਦ ਨਾਲ 7 ਸਰਕਾਰੀ ਸਕੂਲਾਂ ਦੇ ਨਾਂ ਅਜ਼ਾਦੀ ਘੁਲਾਟੀਆਂ ਅਤੇ ਸ਼ਹੀਦ ਫੌਜ਼ੀਆਂ ਦੇ ਨਾਂ ‘ਤੇ ਰੱਖਣ ਦਾ ਫੈਸਲਾ ਲਿਆ ਏ। ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਏ ਕਿ ਇਸ ਤਹਿਤ ਹੁਣ 7 ਸਰਕਾਰੀ ਸਕੂਲਾਂ ਦੇ ਨਾਂ ਬਦਲੇ ਗਏ ਨੇ। J ਉਨਾਂ ਕਿਹਾ ਕਿ ਮੁੱਖ ਮੰਤਰੀ ਦੀ ਇੱਛਾ ਅਨੁਸਾਰ ਸਰਕਾਰੀ ਸਕੂਲਾਂ ਦੇ ਨਾਂ ਅਜ਼ਾਦੀ ਘੁਲਾਟੀਆਂ ਅਤੇ ਸ਼ਹੀਦ ਸੈਨਿਕਾਂ ਦੇ ਨਾਂ ‘ਤੇ ਰੱਖੇ ਜਾ ਰਹੇ ਨੇ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਵੀ ਇਨ੍ਹਾਂ ਹਸਤੀਆਂ ਦੀਆਂ ਕੁਰਬਾਨੀਆਂ ਤੋਂ ਜਾਣੂ ਹੋ ਸਕਣ।

-----------------------------------------------------------

ਸਰਵਹਿੱਤਕਾਰੀ ਸਿੱਖਿਆ ਕਮੇਟੀ ਦੇ ਜਲੰਧਰ ਹੈਡਕਵਾਰਟਰ ਵਿਖੇ ਵਿਦਯਾ ਭਾਰਤੀ ਉੱਤਰ ਖੇਤਰ ਦੀ ਤਿੰਨ ਦਿਨ ਦੀ ਵਰਕਸ਼ਾਪ ਚਲ ਰਹੀ ਏ। ਇਸ ਵਿੱਚ ਕੌਮੀ ਸਿੱਖਿਆ ਨੀਤੀ 2020 ਨੂੰ ਲਾਗੂ ਕਰਨ 'ਤੇ ਵਿਚਾਰ ਕੀਤਾ ਜਾ ਰਿਹਾ ਏ। ਉਦਘਾਟਨੀ ਸੈਸ਼ਨ ਵਿਚ ਵਿਦਿਆ ਭਾਰਤੀ ਉੱਤਰ ਖੇਤਰ ਦੇ ਮਹਾਮੰਤਰੀ ਦੇਸ਼ਰਾਜ ਸ਼ਰਮਾ ਨੇ ਕਿਹਾ ਕਿ ਕਈ ਸਿੱਖਿਆ ਮਾਹਰਾਂ ਨਾਲ ਚਰਚਾ ਮਗਰੋਂ ਹੀ ਕੌਮੀ ਸਿੱਖਿਆ ਨੀਤੀ 2020 ਦਾ ਮੌਜੂਦਾ ਸਰੂਪ ਪਿਛਲੇ ਤਿੰਨ ਵਰ੍ਹਿਆਂ ਤੋਂ ਸਾਡੇ ਸਾਹਮਣੇ ਏ। ਉਨਾਂ ਕਿਹਾ ਕਿ ਹੁਣ ਸਾਰਿਆਂ ਨੂੰ ਰਲ ਕੇ ਇਸ ਮੁਤਾਬਕ ਸਿੱਖਿਆ ਵਿਵਸਥਾ ਦਾ ਨਿਰਮਾਣ ਕਰਨਾ ਹੋਵੇਗਾ ਅਤੇ ਇਸ ਲਈ ਨਵੀਂ ਸਿੱਖਿਆ ਨੀਤੀ ਦੀਆਂ ਕਿਤਾਬਾਂ ਨੂੰ ਲਿਖਣਾ ਜ਼ਰੂਰੀ ਏ ਕਿਓਕਿ ਪੁਰਾਣੀਆਂ ਕਿਤਾਬਾਂ ਦੇ ਆਧਾਰ ਤੇ ਇਸ ਸਿੱਖਿਆ ਨੀਤੀ ਨੂੰ ਲਾਗੂ ਕਰਨਾ ਸੰਭਵ ਨਹੀਂ ਏ। ਦੇਸ਼ਰਾਜ ਸ਼ਰਮਾ ਨੇ ਕਿਹਾ ਕਿ ਇਸ ਲਈ ਕਈ ਵਰਕਸ਼ਾਪ ਦੇ ਨਤੀਜੇ ਵਜੋਂ ਵਿਦਯਾ ਭਾਰਤੀ ਉੱਤਰ ਖੇਤਰ ਨੇ 86 ਕਿਤਾਬਾਂ ਪ੍ਰਕਾਸ਼ਿਤ ਕੀਤੀਆਂ ਨੇ ਅਤੇ ਅਜੇ ਵੀ ਇਸ ਦਿਸ਼ਾ ਵਲ ਕਾਰਜ ਜਾਰੀ ਏ। ਇਸ ਵਰਕਸ਼ਾਪ ਵਿੱਚ ਜੰਮੂ, ਹਿਮਾਚਲ ਪ੍ਰਦੇਸ਼, ਪੰਜਾਬ, ਹਰਿਆਣਾ ਅਤੇ ਦਿੱਲੀ ਤੋਂ 55 ਸਿਖਿਆ ਮਾਹਰ ਹਿੱਸਾ ਲੈ ਰਹੇ ਨੇ। ਤਿੰਨ ਦਿਨਾਂ ਤੱਕ ਚਰਚਾ ਮਗਰੋਂ ਇਸ ਦੀ ਪ੍ਰਾਪਤੀ ਇਨ੍ਹਾਂ ਪੰਜਾਂ ਸੂਬਿਆਂ ਦੇ ਇੱਕ ਹਜ਼ਾਰ ਤੋਂ ਵੱਧ ਵਿਦਿਆ ਮੰਦਰਾਂ ਵਿੱਚ ਲਾਗੂ ਹੋਵੇਗੀ।

------------------------------------------------------------

ਪੰਜਾਬ ਸਰਕਾਰ ਵਲੋਂ ਨਸ਼ਿਆ ਖਿਲਾਫ ਚਲਾਈ ਮੁਹਿਮ ਤਹਿਤ ਕਪੂਰਥਲਾ ਦੇ ਐਸ. ਐਸ. ਪੀ ਵਤਸਲਾ ਗੁਪਤਾ, ਪੁਲਿਸ ਕਪਤਾਨ - ਕਮ-ਜ਼ਿਲਾ ਕਮਿਊਨਟੀ ਪੁਲਿਸ ਅਫਸਰ ਗੁਰਪ੍ਰੀਤ ਸਿੰਘ ਅਤੇ ਉਪ ਪੁਲਿਸ ਕਪਤਾਨ ਹਰਪ੍ਰੀਤ ਸਿੰਘ ਵੱਲੋ ਕਲ ਇਕ ਸਾਈਕਲ ਰੈਲੀ ਸਾਈਕਲੋਥੋਨ ਕਰਵਾਈ ਗਈ। ਇਸਦਾ ਮੁੱਖ ਮਕਸਦ ਨੋਜਵਾਨਾਂ ਨੂੰ ਨਸ਼ਿਆ ਦੇ ਮਾੜੇ ਪ੍ਰਭਾਵ ਤੋ ਜਾਣੂ ਕਰਵਾਉਣਾ ਅਤੇ ਸਿਹਤਮੰਦ ਜੀਵਨ ਪ੍ਰਤੀ ਹੋਰ ਉਤਸ਼ਾਹਤ ਕਰਨ ਦੇ ਨਾਲ-ਨਾਲ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣਾ ਰਿਹਾ। ਰੈਲੀ ਦੌਰਾਨ ਨੋਜਵਾਨਾਂ ਨੂੰ ਨਸ਼ਿਆ ਨੂੰ ਜੜ੍ਹੋਂ ਖਤਮ ਕਰਨ ਲਈ ਪੁਲਿਸ ਦਾ ਸਹਿਯੋਗ ਕਰਨ ਦੀ ਵੀ ਅਪੀਲ ਕੀਤੀ ਗਈ ਅਤੇ ਲੋਕਾਂ ਨੂੰ ਨਸ਼ਾ ਕਰਨ ਵਾਲੇ ਨੋਜਵਾਨਾਂ ਨੂੰ ਨਸ਼ਾ ਛਡਵਾਉਣ ਲਈ ਨਸ਼ਾ ਛੁਡਾਉ ਕੇਂਦਰਾ ਵਿੱਚ ਲਿਆਉਣ ਜਾਂ ਇਸ ਸਬੰਧੀ ਪੁਲਿਸ ਨੂੰ ਸੂਚਿਤ ਕਰਨ ਦੀ ਜਰੂਰਤ 'ਤੇ ਵੀ ਜ਼ੋਰ ਦਿੱਤਾ ਗਿਆ। ਇਹ ਸਾਈਕਲ ਰੈਲੀ ਐਸ.ਐਸ. ਪੀ. ਦਫਤਰ ਤੋਂ ਸ਼ੁਰੂ ਹੋ ਕੇ ਡੀ.ਸੀ. ਚੌਕ ਤੋਂ ਹੁੰਦੀ ਹੋਈ ਸੈਨਿਕ ਸਕੂਲ ਵਿਖੇ ਆ ਕੇ ਸਮਾਪਤ ਹੋਈ।

------------------------------------------------------------

ਪਾਕਿਸਤਾਨ ਆਪਣੀਆਂ ਨਾਪਾਕ ਹਰਕਤਾਂ ਤੋਂ ਬਾਜ਼ ਨਹੀਂ ਆ ਰਿਹਾ

ਅਤੇ ਲਗਾਤਾਰ ਸਰਹੱਦੀ ਇਲਾਕਿਆਂ ਚ ਡਰੋਨ ਜ਼ਰੀਏ ਨਸ਼ਾ ਤਸਕਰੀ ਕਰ ਰਿਹਾ ਏ। ਤਾਜ਼ਾ ਮਾਮਲਾ ਗੁਰਦਾਸਪੁਰ ਜ਼ਿਲ੍ਹੇ ਦੇ ਸਰਹੱਦੀ ਕਸਬਾ ਡੇਰਾ ਬਾਬਾ ਨਾਨਕ ਦੇ ਪਿੰਡ ਰੱਤੜ- ਛੱਤਰ ਦਾ ਏ ਜਿੱਥੇ ਬੀ ਐਸ ਐਫ ਤੇ ਪੰਜਾਬ ਪੁਲੀਸ ਦੇ ਸਾਂਝੇ ਸਰਚ ਅਭਿਆਨ ਦੇ ਦੌਰਾਨ ਖੇਤ ਚੋ ਦੋ ਪੈਕਟ ਹੈਰੋਇਨ ਬਰਾਮਦ ਕੀਤੀ ਗਈ ਏ। ਇਸ ਦਾ ਵਜ਼ਨ ਦੋ ਕਿਲੋ ਤਿੰਨ ਸੋ ਗ੍ਰਾਮ ਪਾਇਆ ਗਿਆ। ਪੁਲੀਸ ਨੇ ਹਿਰੋਇਨ ਕਬਜ਼ੇ ਚ ਲੈ ਕੇ ਐਫ ਆਈ ਆਰ ਦਰਜ ਕਰ ਲਈ ਏ।